# ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹਾ ਵਾਸੀਆਂ ਨੂੰ ਹਰੀ ਦੀਵਾਲੀ ਮਨਾਉਣ ਦੀ ਅਪੀਲ

ਤਰਨਤਾਰਨ, 18 ਅਕਤੂਬਰ :

ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣ ਸਬੰਧੀ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਕੀਤਾ।



ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਪ੍ਰਦੂਸ਼ਣ ਰਹਿਤ ਹਰੀ ਦੀਵਾਲੀ ਮਨਾਉਣ ਦੀ ਅਪੀਲ ਕਰਦਿਆਂ ਪਟਾਕੇ ਚਲਾਉਣ ਤੋਂ ਪ੍ਰਹੇਜ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਪਟਾਕੇ ਕੇਵਲ 19 ਅਕਤੂਬਰ ਨੂੰ ਸ਼ਾਮ 6:30 ਵਜੇ ਤੋਂ ਰਾਤ 9:30 ਵਜੇ ਤੱਕ ਹੀ ਚਲਾਏ ਜਾਣ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਾਤਾਵਰਨ ਸੰਭਾਲ ਪ੍ਰਤੀ ਸਾਡੇ ਸਭ ਦੇ ਫਰਜ਼ ਬਣਦੇ ਹਨ ਅਤੇ ਆਪਣੇ ਖੁਸ਼ਹਾਲ ਭਵਿੱਖ ਲਈ ਸਾਨੂੰ ਵਾਤਾਵਰਨ ਦੀ ਸੰਭਾਲ ਕਰਨੀ ਚਾਹੀਦੀ ਹੈ।

ਉਨ੍ਹਾਂ ਨੇ ਸਮਾਜ ਸੇਵੀ ਸੰਸਥਵਾਂ ਨੂੰ ਵੀ ਅਪੀਲ ਕੀਤੀ ਕਿ ਉਹ ਲੋਕਾਂ ਨੂੰ ਹਰੀ ਦੀਵਾਲੀ ਮਨਾਉਣ ਲਈ ਜਾਗਰੁਕ ਕਰਨ।

ਉਨ੍ਹਾਂ ਦਸਿਆ ਕਿ ਮਾਣਯੋਗ ਹਾਈਕੋਰਟ ਦੇ ਹੁਕਮਾਂ ਅਨੁਸਾਰ ਪੁਲਿਸ ਦੇ ਪੀ. ਸੀ.ਆਰ. ਵਾਹਨ ਤਾਇਨਾਤ ਰਹਿਣਗੇ ਅਤੇ ਪੁਲਿਸ ਵਲੋਂ ਪੈਦਲ ਗਸ਼ਤ ਵੀ ਸ਼ੁਰੂ ਕੀਤੀ ਗਈ ਹੈ।